ਦਫਤਰ: ਕਾਰਜਕਾਰੀ ਇੰਜੀਨੀਅਰ,ਉਸਾਰੀ ਮੰਡਲ ਨੰ: 1, ਲੋ: ਨਿ: ਵਿ: ਭ ਤੇ ਮ ਸ਼ਾਖਾ, ਐਸ. ਏ. ਐਸ.ਨਗਰ
(ਇੰਡਸਟਰੀਅਲ ਏਰੀਆ ਫੇਸ 1, ਨੇੜੇ ਪੁਲਿਸ ਥਾਣਾ ਫੇਸ 1, ਐਸ. ਏ. ਐਸ. ਨਗਰ)
E-mail: pwdc1mohali@gmail.com Tel / Fax: 0172-2225863

ਵੱਲ,

The Principal,
Ajit karam Singh International Public School,
Sector 125,Sunny Enclave,,
Greater,SAS Nagar(Mohali).

ਮੀਮੋ ਨੰ-....... 2330 ਮਿਤੀ-............12/05/26

ਵਿਸ਼ਾ:- **ਬਿਲਡਿੰਗ ਸੇਫਟੀ ਸਰਟੀਫਿਕੇਟ (ਸਾਲ 2026-27) ਜਾਰੀ ਕਰਨ ਸਬੰਧੀ।**
**- Ajit karam Singh International Public School, Sector 125,Sunny Enclave.**

ਹਵਾਲਾ:- ਦਫਤਰ ਦਾ ਪੱਤਰ ਨੰ ਮਿਤੀ- 22-4-2025 ਦੇ ਸਬੰਧ ਵਿੱਚ।

ਉਪਰੋਕਤ ਵਿਸ਼ੇ ਦੇ ਸਬੰਧ ਵਿੱਚ ਇਸ ਮੰਡਲ ਅਧੀਨ ਉਪ ਮੰਡਲ ਇੰਜੀਨੀਅਰ, ਪ੍ਰਾਂਤਕ ਉਪ ਮੰਡਲ, ਖਰੜ ਦੀ ਰਿਪੋਰਟ ਅਨੁਸਾਰ ਸਕੂਲ ਦੀ ਬਿਲਡਿੰਗ ਦਾ ਨਿਰੀਖਣ ਕੀਤਾ ਗਿਆ ਅਤੇ ਨਿਰੀਖਣ ਦੌਰਾਨ ਸਕੂਲ ਦੀ ਬਿਲਡਿੰਗ ਨੱਥੀ ਪਲਾਨ ਅਨੁਸਾਰ ਠੀਕ ਹੈ ਅਤੇ Visual Inspection ਅਨੁਸਾਰ ਇਮਾਰਤ ਠੀਕ ਪਾਈ ਗਈ ਹੈ। ਮਾਨਯੋਗ ਸਕੱਤਰ, ਪੰਜਾਬ, ਲੋਕ ਨਿਰਮਾਣ ਵਿਭਾਗ ਭ ਤੇ ਮ ਸ਼ਾਖਾ, ਚੰਡੀਗੜ੍ਹ ਜੀ ਦੇ ਦਫਤਰੀ ਆਰਡਰ ਨੰ-5/13/2018-3BR3/ 1294287/3 ਮਿਤੀ- 10.08.2018 ਰਾਹੀਂ ਸਕੂਲ ਵੱਲੋਂ ਇਮਾਰਤ ਦੀ ਲੋੜੀਂਦੀ ਇੰਸਪੈਕਸ਼ਨ ਫੀਸ ਬਾਬਤ 10000/- ਰੁਪਏ ਚਲਾਨ ਨੰ- 23296822 ਮਿਤੀ- 05-05-2026 ਰਾਹੀਂ ਸਟੇਟ ਬੈਂਕ ਆਫ ਇੰਡੀਆ ਵਿੱਚ ਜਮ੍ਹਾ ਕਰਵਾ ਦਿੱਤੀ ਗਈ ਹੈ, ਜਿਸ ਸਬੰਧ ਵਿੱਚ ਸਕੂਲ ਦਾ ਬਿਲਡਿੰਗ ਸਰਟੀਫਿਕੇਟ ਨਾਲ ਨੱਥੀ ਅਨੁਸਾਰ ਜਾਰੀ ਕੀਤਾ ਜਾਂਦਾ ਹੈ।

**ਨੱਥੀ/ਸਰਟੀਫਿਕੇਟ**

ਕਾਰਜਕਾਰੀ ਇੰਜੀਨੀਅਰ,
**ਉਸਾਰੀ ਮੰਡਲ ਨੰ:1 ਲੋ.ਨਿ.ਵਿ ਭ ਤੇ ਮ ਸ਼ਾਖਾ,**
**ਸਾਹਿਬਜਾਦਾ ਅਜੀਤ ਸਿੰਘ ਨਗਰ।**

ਪਿੱਠ ਅੰਕਣ ਨੰ-.......... ਮਿਤੀ-..........

ਉਪਰੋਕਤ ਦਾ ਉਤਾਰਾ ਉਪ ਮੰਡਲ ਇੰਜੀਨੀਅਰ, ਪ੍ਰਾਂਤਕ ਉਪ ਮੰਡਲ ਲੋ.ਨਿ.ਵਿ ਭ ਤੇ ਮ ਸ਼ਾਖਾ, ਖਰੜ ਨੂੰ ਉਨ੍ਹਾਂ ਦੇ ਦਫਤਰ ਦੇ ਮੀਮੋ ਨੰ- 208 ਮਿਤੀ- 07-05-2026 ਦੇ ਸਬੰਧ ਵਿੱਚ ਸੂਚਨਾ ਹਿੱਤ ਭੇਜਿਆ ਜਾਂਦਾ ਹੈ।

ਕਾਰਜਕਾਰੀ ਇੰਜੀਨੀਅਰ,
**ਉਸਾਰੀ ਮੰਡਲ ਨੰ:1 ਲੋ.ਨਿ.ਵਿ ਭ ਤੇ ਮ ਸ਼ਾਖਾ,**
**ਸਾਹਿਬਜਾਦਾ ਅਜੀਤ ਸਿੰਘ ਨਗਰ।**

# Building Safety Certificate

Subject: Building Safety Certificate for Ajit Karam Singh International Public School, old Sunny Enclave Sector 125, Kharar, Mohali.

Ajit Karam Singh International Public School, old Sunny Enclave Sector 125, Kharar, Mohali ਦੀ ਬਿਲਡਿੰਗ ਦਾ ਸਟੱਰਕਚਰ ਸਟੇਬਿਲਟੀ ਸਰਟੀਫਿਕੇਟ Er. Vikas Bhardwaj, Structural Engineer, Letter No. CF/1998(R) Dated 27.03.2026 ਨੂੰ ਧਿਆਨ ਵਿੱਚ ਰੱਖਦੇ ਹੋਏ ਬਿਲਡਿੰਗ ਸੇਫਟੀ ਸਰਟੀਫਿਕੇਟ ਮਿਤੀ: 31.03.2027 ਤੱਕ (1 ਸਾਲ ਲਈ) ਹੇਠ ਲਿਖੀਆਂ ਸ਼ਰਤਾ ਤੇ ਜਾਰੀ ਕੀਤਾ ਜਾਂਦਾ ਹੈ:-

1) ਨਿਰੀਖਣ ਤੋਂ ਬਾਅਦ ਜੇਕਰ ਸਕੂਲ ਮੁੱਖੀ ਵੱਲੋਂ ਨੱਥੀ ਪਲੈਨ ਵਿੱਚ ਦਰਸਾਈ ਗਈ ਬਿਲਡਿੰਗ ਦੇ ਸਟਰੱਕਚਰ ਵਿੱਚ ਕਿਸੇ ਵੀ ਕਿਸਮ ਦੀ ਤਬਦੀਲੀ ਕੀਤੀ ਜਾਂਦੀ ਹੈ ਜਾਂ ਨਵੀਂ ਉਸਾਰੀ ਕੀਤੀ ਜਾਂਦੀ ਹੈ ਤਾਂ ਬਿਲਡਿੰਗ ਦਾ ਸੇਫਟੀ ਸਰਟੀਫਿਕੇਟ ਰੱਦ ਸਮਝਿਆ ਜਾਵੇਗਾ।
2) ਜੇਕਰ ਕੋਈ ਕੁਦਰਤੀ ਆਫਤ ਕਾਰਨ ਜਾਂ ਕਿਸੇ ਵੀ ਕਾਰਨ ਬਿਲਡਿੰਗ ਨੂੰ ਨੁਕਸਾਨ ਹੁੰਦਾ ਹੈ ਤਾਂ ਵੀ ਸਕੂਲ ਮੁੱਖੀ ਨੂੰ ਤੁਰੰਤ ਇਸ ਦਫਤਰ ਨੂੰ ਸੂਚਿਤ ਕਰਨਾ ਪਵੇਗਾ ਤਾਂ ਜੋ ਬਣਦੀ ਕਾਰਵਾਈ ਕੀਤੀ ਜਾ ਸਕੇ।
3) ਇਸ ਬਿਲਡਿੰਗ ਦਾ ਫਾਇਰ ਸੇਫਟੀ ਸਰਟਿਫਿਕੇਟ ਪੰਜਾਬ ਫਾਇਰ ਸਰਵਿਸਿਸ ਵੱਲੋ ਉਨ੍ਹਾਂ ਦੇ ਨੰ: PBIP-(FIRE)2026/1256 ਮਿਤੀ: 21.02.2026 ਰਾਹੀਂ 3 ਸਾਲ ਲਈ ਜਾਰੀ ਕੀਤਾ ਗਿਆ ਹੈ ਜੋ ਕਿ ਮਿਤੀ 20.02.2029 ਤੱਕ ਵੈਲਿਡ ਹੈ। ਇਸ ਤੋ ਇਲਾਵਾ ਫਾਇਰ ਸੇਫਟੀ ਵਿਭਾਗ ਦੀਆਂ ਹਦਾਇਤਾਂ ਅਨੁਸਾਰ ਅੱਗ ਬੁਝਾਊ ਯੰਤਰ ਤਸੱਲੀਬਖਸ਼ ਹੋਣੇ ਚਾਹੀਦੇ ਹਨ ਅਤੇ ਕਰਮਚਾਰੀ ਅੱਗ ਬੁਝਾਉਣ ਸਬੰਧੀ ਟਰੇਂਡ ਹੋਣੇ ਚਾਹੀਦੇ ਹਨ, ਇਸ ਨੂੰ ਵੀ ਯਕੀਨੀ ਬਣਾਇਆ ਜਾਵੇ।
4) ਉਕਤ ਕਿਸੇ ਵੀ ਹਾਲਤ ਵਿੱਚ ਜਾਂ ਹੋਰ ਕੋਈ ਕੁਦਰਤੀ/ਮਨੁੱਖੀ ਆਫਤਾਂ ਆਉਣ ਦੀ ਸੂਰਤ ਵਿੱਚ ਬਿਲਡਿੰਗ ਦੀ ਤੁਰੰਤ ਰੀ-ਇੰਸਪੈਕਸ਼ਨ ਕਰਾਵੁਣ ਦੀ ਨਿਰੋਲ ਜਿੰਮੇਵਾਰੀ ਕੇਵਲ ਬਿਨੇਕਾਰ ਦੀ ਹੋਵੇਗੀ।
5) ਜੇਕਰ ਸਕੂਲ ਵੱਲੋਂ ਸੇਫਟੀ ਨਾਲ ਸਬੰਧਤ ਕਿਸੇ ਵੀ ਸ਼ਰਤ ਦੀ ਉਲੰਘਣਾ ਕੀਤੀ ਜਾਂਦੀ ਹੈ ਤਾਂ ਇਸ ਵਿਭਾਗ ਵੱਲੋ ਜਾਰੀ ਕੀਤਾ ਸਰਟੀਫਿਕੇਟ ਰੱਦ ਕਰ ਦਿੱਤਾ ਜਾਵੇਗਾ।
6) ਰੋਡ ਸੇਫਟੀ ਸਬੰਧੀ ਮਾਨਯੋਗ ਪੰਜਾਬ ਅਤੇ ਹਰਿਆਣਾ ਹਾਈਕੋਰਟ/ ਸਰਕਾਰ ਵੱਲੋ ਭਵਿੱਖ ਵਿੱਚ ਜੋ ਵੀ ਫੈਸਲਾ ਕੀਤਾ ਜਾਵੇਗਾ, ਉਸ ਨੂੰ ਇਹ ਸੰਸਥਾ ਮੰਨਣ ਦੀ ਪਾਬੰਦ ਹੋਵੇਗੀ।
7) ਜੇਕਰ ਬਿਲਡਿੰਗ ਉੱਪਰ ਹੋਰ ਮੰਜਿਲ ਦੀ ਉਸਾਰੀ ਕੀਤੀ ਜਾਂਦੀ ਹੈ ਤਾਂ ਉਸ ਬਿਲਡਿੰਗ ਦੀਆਂ ਹੇਠਲੀਆਂ ਮੰਜਿਲਾਂ ਵਿੱਚ ਜਮਾਤਾਂ ਨਾ ਲਗਾਈਆਂ ਜਾਣ।
8) ਇਹ ਸਰਟੀਫਿਕੇਟ ਕੇਵਲ visual inspection ਦੇ ਅਧਾਰ ਤੇ ਕੇਵਲ structural safety ਪੱਖੋ ਜਾਰੀ ਕੀਤਾ ਗਿਆ ਹੈ, ਇਸ ਵਿੱਚ ਕੋਈ ਬਿਜਲੀ, ਮਸ਼ੀਨਰੀ, equipment ਆਦਿ ਬਾਬਤ ਇਸ ਦਫਤਰ ਦੀ ਕੋਈ ਜਿੰਮੇਵਾਰੀ ਨਹੀਂ ਹੋਵੇਗੀ।
9) ਇਹ ਸਰਟੀਫਿਕੇਟ ਕਿਸੇ ਵੀ ਲੀਗਲ ਕੇਸਾਂ ਲਈ ਪ੍ਰਮਾਣਿਤ ਨਹੀਂ ਹੋਵੇਗਾ।

ਉਪ ਮੰਡਲ ਇੰਜੀਨੀਅਰ,
ਪ੍ਰਾਂਤਕ ਉਪ ਮੰਡਲ, ਲੋ:ਨਿ:ਵਿ ਭ ਤੇ ਮ ਸ਼ਾਖਾ,
ਖਰੜ।

ਕਾਰਜਕਾਰੀ ਇੰਜੀਨੀਅਰ,
ਉਸਾਰੀ ਮੰਡਲ ਨੰ:1 ਲੋ:ਨਿ:ਵਿ: ਭ ਤੇ ਮ ਸ਼ਾਖਾ,
ਸਾਹਿਬਜਾਦਾ ਅਜੀਤ ਸਿੰਘ ਨਗਰ।